ਰਾਮਕਲੀ ਮਹਲਾ ੫ ॥ ਈਧਨ ਤੇ ਬੈਸੰਤਰੁ ਭਾਗੈ ॥ ਮਾਟੀ ਕਉ ਜਲੁ ਦਹ ਦਿਸ ਤਿਆਗੈ ॥ ਊਪਰਿ ਚਰਨ ਤਲੈ ਆਕਾਸੁ ॥ ਘਟ ਮਹਿ ਸਿੰਧੁ ਕੀਓ ਪਰਗਾਸੁ ॥ ੧॥ ਐਸਾ ਸੰਮ੍ਰਥੁ ਹਰਿ ਜੀਉ ਆਪਿ ॥ ਨਿਮਖ ਨ ਬਿਸਰੈ ਜੀਅ ਭਗਤਨ ਕੈ ਆਠ ਪਹਰ ਮਨ ਤਾ ਕਉ ਜਾਪਿ ॥ ੧॥ ਰਹਾਉ ॥ ਪ੍ਰਥਮੇ ਮਾਖਨੁ ਪਾਛੈ ਦੂਧੁ ॥ ਮੈਲੂ ਕੀਨੋ ਸਾਬੁਨੁ ਸੂਧੁ ॥ ਭੈ ਤੇ ਨਿਰਭਉ ਡਰਤਾ ਫਿਰੈ ॥ ਹੋਂਦੀ ਕਉ ਅਣਹੋਂਦੀ ਹਿਰੈ ॥੨॥ ਦੇਹੀ ਗੁਪਤ ਬਿਦੇਹੀ ਦੀਸੈ ॥ ਸਗਲੇ ਸਾਜਿ ਕਰਤ ਜਗਦੀਸੈ ॥ ਠਗਣਹਾਰ ਅਣਠਗਦਾ ਠਾਗੈ ॥ ਬਿਨੁ ਵਖਰ ਫਿਰਿ ਫਿਰਿ ਉਠਿ ਲਾਗੈ ॥੩॥ ਸੰਤ ਸਭਾ ਮਿਲਿ ਕਰਹੁ ਬਖਿਆਣ ॥ ਸਿੰਮ੍ਰਿਤਿ ਸਾਸਤ ਬੇਦ ਪੁਰਾਣ ॥ ਬ੍ਰਹਮ ਬੀਚਾਰੁ ਬੀਚਾਰੇ ਕੋਇ ॥ ਨਾਨਕ ਤਾ ਕੀ ਪਰਮ ਗਤਿ ਹੋਇ ॥੪॥੪੩॥੫੪॥ {ਪੰਨਾ 900}

ਪਦਅਰਥ:- ਈਧਨ ਤੇ—ਬਾਲਣ ਤੋਂ, ਲੱਕੜਾਂ ਤੋਂ। ਬੈਸੰਤਰੁ—ਅੱਗ। ਕਉ—ਨੂੰ। ਦਹਦਿਸ—ਦਸੀਂ ਪਾਸੀਂ। ਊਪਰਿ—ਉਤਾਂਹ ਵਲ। ਤਲੈ—ਹੇਠਲੇ ਪਾਸੇ। ਆਕਾਸੁ—ਉਤਲਾ ਪਾਸਾ, ਸਿਰ। ਘਟ ਮਹਿ—ਘੜੇ ਵਿਚ। ਸਿੰਧੁ—ਸਮੁੰਦਰ, ਬੇਅੰਤ ਪ੍ਰਭੂ।1।

ਸੰਮ੍ਰਥੁ—ਸਮਰਥਾ ਵਾਲਾ, ਸਭ ਤਾਕਤਾਂ ਦਾ ਮਾਲਕ। ਨਿਮਖ—{inmy—} ਅੱਖ ਝਮਕਣ ਜਿਤਨਾ ਸਮਾ। ਜੀਅ ਭਗਤਨ ਕੈ—ਭਗਤਾਂ ਦੀ ਜਿੰਦ ਵਿਚੋਂ। ਮਨ—ਹੇ ਮਨ! ਤਾ ਕਉ—ਉਸ (ਪ੍ਰਭੂ) ਨੂੰ। ਜਾਪਿ—ਜਪਦਾ ਰਹੁ।1। ਰਹਾਉ।

ਪ੍ਰਥਮੇ—ਪਹਿਲਾਂ। ਪਾਛੈ—ਪਿੱਛੋਂ। ਮੈਲੂ—ਮੈਲ ਨੂੰ, ਮਾਤਾ ਦੇ ਲਹੂ ਨੂੰ। ਸੂਧੁ—ਸੁੱਧ, ਚਿੱਟਾ (ਦੁੱਧ)। ਭੈ ਤੇ—ਡਰਾਂ ਤੋਂ। ਨਿਰਭਉ—ਜੀਵ ਜੋ ਅਸਲ ਵਿਚ ਡਰ-ਰਹਿਤ ਪ੍ਰਭੂ ਦੀ ਅੰਸ ਹੈ। ਹੋਂਦੀ ਕਉ—ਹੁੰਦੀ ਨੂੰ, ਹੋਂਦ ਵਾਲੀ ਜਿੰਦ ਨੂੰ। ਅਣਹੋਂਦੀ—ਜਿਸ ਦੀ (ਵੱਖਰੀ) ਹਸਤੀ ਕੋਈ ਨਹੀਂ। ਹਿਰੈ—ਚੁਰਾ ਲੈਂਦੀ ਹੈ, ਠੱਗ ਲੈਂਦੀ ਹੈ।2।

ਦੇਹੀ—ਦੇਹ ਦਾ ਮਾਲਕ, ਸਰੀਰ ਦਾ ਮਾਲਕ ਆਤਮਾ। ਬਿਦੇਹੀ—ਜੋ ਆਤਮਾ ਨਹੀਂ, ਸਰੀਰ। ਸਾਜਿ—ਸਾਜ ਕੇ। ਜਗਦੀਸੈ—ਜਗਦੀਸ ਹੀ, ਜਗਤ ਦਾ ਮਾਲਕ ਹੀ। ਠਗਣਹਾਰ—(ਸਭ ਨੂੰ) ਠੱਗਣ ਵਾਲੀ ਮਾਇਆ। ਅਣਠਗਦਾ—(ਪਰਮਾਤਮਾ ਦੀ ਅੰਸ ਜੀਵ) ਜੋ ਠੱਗਿਆ ਨਹੀਂ ਜਾਣਾ ਚਾਹੀਦਾ। ਵਖਰ—ਸੌਦਾ, ਨਾਮ-ਪੂੰਜੀ। ਬਿਨੁ ਵਖਰ—ਨਾਮ ਦੀ ਪੂੰਜੀ ਤੋਂ ਸੱਖਣਾ। ਫਿਰਿ ਫਿਰਿ—ਮੁੜ ਮੁੜ। ਉਠਿ—ਉੱਠ ਕੇ। ਲਾਗੈ—ਮਾਇਆ ਵਿਚ ਫਸਦਾ ਹੈ, ਮਾਇਆ ਨੂੰ ਚੰਬੜਦਾ ਹੈ।3।

ਬਖਿਆਣ—ਵਿਚਾਰ, ਵਿਆਖਿਆ। ਬੀਚਾਰੇ ਕੋਇ—ਜਿਹੜਾ ਕੋਈ ਵਿਚਾਰਦਾ ਹੈ। ਤਾ ਕੀ—ਉਸ ਮਨੁੱਖ ਦੀ। ਪਰਮ ਗਤਿ—ਸਭ ਤੋਂ ਉੱਚੀ ਆਤਮਕ ਅਵਸਥਾ।4।

ਅਰਥ:- ਹੇ ਮਨ! ਪਰਮਾਤਮਾ ਆਪ ਬੜੀਆਂ ਤਾਕਤਾਂ ਦਾ ਮਾਲਕ ਹੈ। ਉਹ ਪਰਮਾਤਮਾ ਆਪਣੇ ਭਗਤਾਂ ਦੇ ਮਨ ਤੋਂ ਅੱਖ ਝਮਕਣ ਜਿਤਨੇ ਸਮੇ ਲਈ ਭੀ ਨਹੀਂ ਵਿਸਰਦਾ। ਹੇ ਮਨ! ਤੂੰ ਭੀ ਉਸ ਨੂੰ ਅੱਠੇ ਪਹਿਰ ਜਪਿਆ ਕਰ।1। ਰਹਾਉ।

(ਹੇ ਮਨ! ਵੇਖ ਉਸ ਪ੍ਰਭੂ ਦੀਆਂ ਅਸਚਰਜ ਤਾਕਤਾਂ!) ਲੱਕੜੀ ਤੋਂ ਅੱਗ ਪਰੇ ਭੱਜਦੀ ਹੈ (ਲੱਕੜੀ ਵਿਚ ਅੱਗ ਹਰ ਵੇਲੇ ਮੌਜੂਦ ਹੈ, ਪਰ ਉਸ ਨੂੰ ਸਾੜਦੀ ਨਹੀਂ)। (ਸਮੁੰਦਰ ਦਾ) ਪਾਣੀ ਧਰਤੀ ਨੂੰ ਹਰ ਪਾਸੇ ਵਲੋਂ ਤਿਆਗੀ ਰੱਖਦਾ ਹੈ (ਧਰਤੀ ਸਮੁੰਦਰ ਦੇ ਵਿਚ ਰਹਿੰਦੀ ਹੈ, ਪਰ ਸਮੁੰਦਰ ਇਸ ਨੂੰ ਡੋਬਦਾ ਨਹੀਂ)। (ਰੁੱਖ ਦੇ) ਪੈਰ (ਜੜ੍ਹਾਂ) ਉਪਰ ਵਲ ਹਨ, ਤੇ ਸਿਰ ਹੇਠਲੇ ਪਾਸੇ ਹੈ। ਘੜੇ ਵਿਚ (ਨਿੱਕੇ ਨਿੱਕੇ ਸਰੀਰਾਂ ਵਿਚ) ਸਮੁੰਦਰ-ਪ੍ਰਭੂ ਆਪਣਾ ਆਪ ਪਰਕਾਸ਼ਦਾ ਹੈ।1।

(ਹੇ ਭਾਈ! ਪਹਿਲਾਂ ਦੁੱਧ ਹੁੰਦਾ ਹੈ, ਉਸ ਨੂੰ ਰਿੜਕਿਆਂ ਉਸ ਦੁੱਧ ਦਾ ਤੱਤ-ਮੱਖਣ ਪਿੱਛੋਂ ਨਿਕਲਦਾ ਹੈ। ਪਰ ਵੇਖ! ਸ੍ਰਿਸ਼ਟੀ ਦਾ ਤੱਤ-) ਮੱਖਣ ਪਰਮਾਤਮਾ ਪਹਿਲਾਂ ਮੌਜੂਦ ਹੈ, ਤੇ (ਉਸ ਦਾ ਪਸਾਰਾ-ਜਗਤ) ਦੁੱਧ ਪਿਛੋਂ (ਬਣਦਾ) ਹੈ (ਜਗਤ-ਪਸਾਰੇ ਰੂਪ ਦੁੱਧ ਵਿਚ ਤੱਤ-ਪ੍ਰਭੂ-ਮੱਖਣ ਸਰਬ-ਵਿਆਪਕ ਹੈ)। (ਜੀਵਾਂ ਦੀ ਪਾਲਣਾ ਵਾਸਤੇ) ਮੈਲ ਨੂੰ (ਮਾਂ ਦੇ ਲਹੂ ਨੂੰ) ਸੁੱਧ ਸਾਬਣ ਵਰਗਾ ਚਿੱਟਾ ਦੁੱਧ ਬਣਾ ਦੇਂਦਾ ਹੈ। ਨਿਰਭਉ-ਪ੍ਰਭੂ ਦੀ ਅੰਸ ਜੀਵ ਦੁਨੀਆ ਦੇ ਅਨੇਕਾਂ ਡਰਾਂ ਤੋਂ ਡਰਦਾ ਫਿਰਦਾ ਹੈ, ਮਾਇਆ ਜੀਵ ਨੂੰ ਭਜਾਈ ਫਿਰਦੀ ਹੈ।2।

ਹੇ ਭਾਈ! ਸਰੀਰ ਦਾ ਮਾਲਕ ਆਤਮਾ (ਸਰੀਰ ਵਿਚ) ਲੁਕਿਆ ਰਹਿੰਦਾ ਹੈ, ਸਿਰਫ਼ ਸਰੀਰ ਦਿੱਸਦਾ ਹੈ। ਸਾਰੇ ਜੀਵਾਂ ਨੂੰ ਪੈਦਾ ਕਰ ਕੇ ਜਗਤ ਦਾ ਮਾਲਕ ਪ੍ਰਭੂ (ਅਨੇਕਾਂ ਕੌਤਕ) ਕਰਦਾ ਰਹਿੰਦਾ ਹੈ। ਠਗਣੀ-ਮਾਇਆ ਜੀਵ ਨੂੰ ਸਦਾ ਠੱਗਦੀ ਰਹਿੰਦੀ ਹੈ। ਨਾਮ ਦੀ ਪੂੰਜੀ ਤੋਂ ਸੱਖਣਾ ਜੀਵ ਮੁੜ ਮੁੜ ਮਾਇਆ ਨੂੰ ਚੰਬੜਦਾ ਹੈ।3।

ਹੇ ਨਾਨਕ! (ਆਖ—ਹੇ ਭਾਈ!) ਸੰਤ-ਸਭਾ ਵਿਚ ਮਿਲ ਕੇ ਸਿੰਮ੍ਰਿਤੀਆਂ ਸ਼ਾਸਤ੍ਰਾਂ ਵੇਦਾਂ ਪੁਰਾਣਾਂ ਦੀ ਵਿਆਖਿਆ ਕਰ ਕੇ (ਬੇਸ਼ੱਕ) ਵੇਖ ਲਵੋ (ਇਸ ਠਗਣੀ ਮਾਇਆ ਤੋਂ ਬਚਾਉ ਨਹੀਂ ਹੋ ਸਕਦਾ)। ਜਿਹੜਾ ਕੋਈ ਮਨੁੱਖ ਸਤਸੰਗ ਵਿਚ ਪਰਮਾਤਮਾ ਦੇ ਗੁਣਾਂ ਦੀ ਵਿਚਾਰ ਵਿਚਾਰਦਾ ਹੈ ਉਸੇ ਦੀ ਹੀ ਸਭ ਤੋਂ ਉੱਚੀ ਆਤਮਕ ਅਵਸਥਾ ਬਣਦੀ ਹੈ।4। 43। 54।